ਆਸਾ ॥ ਸੁਤੁ ਅਪਰਾਧ ਕਰਤ ਹੈ ਜੇਤੇ ॥ ਜਨਨੀ ਚੀਤਿ ਨ ਰਾਖਸਿ ਤੇਤੇ ॥੧ ॥ ਰਾਮਈਆ ਹਉ ਬਾਰਿਕੁ ਤੇਰਾ ॥ ਕਾਹੇ ਨ ਖੰਡਸਿ ਅਵਗਨੁ ਮੇਰਾ ॥੧ ॥ ਰਹਾਉ ॥ ਜੇ ਅਤਿ ਕ੍ਰੋਪ ਕਰੇ ਕਰਿ ਧਾਇਆ ॥ ਤਾ ਭੀ ਚੀਤਿ ਨ ਰਾਖਸਿ ਮਾਇਆ ॥੨॥ ਚਿੰਤ ਭਵਨਿ ਮਨੁ ਪਰਿਓ ਹਮਾਰਾ ॥ ਨਾਮ ਬਿਨਾ ਕੈਸੇ ਉਤਰਸਿ ਪਾਰਾ ॥੩ ॥ ਦੇਹਿ ਬਿਮਲ ਮਤਿ ਸਦਾ ਸਰੀਰਾ ॥ ਸਹਜਿ ਸਹਜਿ ਗੁਨ ਰਵੈ ਕਬੀਰਾ ॥੪॥੩॥੧੨॥ {ਪੰਨਾ 478}

ਪਦਅਰਥ:- ਸੁਤੁ—ਪੁੱਤਰ। ਅਪਰਾਧ—ਭੁੱਲਾਂ, ਗ਼ਲਤੀਆਂ। ਜੇਤੇ—ਜਿਤਨੇ ਭੀ, ਭਾਵੇਂ ਕਿਤਨੇ ਹੀ। ਜਨਨੀ—ਮਾਂ। ਚੀਤਿ—ਚਿੱਤ ਵਿਚ। ਤੇਤੇ—ਉਹ ਸਾਰੇ ਹੀ।1।

ਰਾਮਈਆ—ਹੇ ਸੁਹਣੇ ਰਾਮ! ਹਉ—ਮੈਂ। ਬਾਰਿਕੁ—ਬਾਲਕ, ਅੰਞਾਣ ਬੱਚਾ। ਨ ਖੰਡਸਿ —ਤੂੰ ਨਹੀਂ ਨਾਸ ਕਰਦਾ।1। ਰਹਾਉ।

ਅਤਿ—ਬਹੁਤ। ਕ੍ਰੋਪ—ਕ੍ਰੋਧ, ਗੁੱਸਾ। ਕਰੇ ਕਰਿ—ਕਰਿ ਕਰਿ, ਮੁੜ ਮੁੜ ਕਰ ਕੇ। ਧਾਇਆ —ਦੌੜੇ। ਮਾਇਆ—ਮਾਂ।2।

ਚਿੰਤ ਭਵਨਿ—ਚਿੰਤਾ ਦੇ ਭਵਨ ਵਿਚ, ਚਿੰਤਾ ਦੀ ਘੁੰਮਣ-ਘੇਰੀ ਵਿਚ।3।

ਬਿਮਲ ਮਤਿ—ਨਿਰਮਲ ਬੁੱਧ, ਸੁਹਣੀ ਅਕਲ। ਸਹਜਿ—ਸਹਿਜ ਅਵਸਥਾ ਵਿਚ ਟਿਕ ਕੇ। ਰਵੈ—ਚੇਤੇ ਕਰੇ।4।

ਅਰਥ:- ਹੇ (ਮੇਰੇ) ਸੁਹਣੇ ਰਾਮ! ਮੈਂ ਤੇਰਾ ਅੰਞਾਣ ਬੱਚਾ ਹਾਂ, ਤੂੰ (ਮੇਰੇ ਅੰਦਰੋਂ) ਮੇਰੀਆਂ ਭੁੱਲਾਂ ਕਿਉਂ ਦੂਰ ਨਹੀਂ ਕਰਦਾ?।1। ਰਹਾਉ।

ਪੁੱਤਰ ਭਾਵੇਂ ਕਿਤਨੀਆਂ ਹੀ ਗ਼ਲਤੀਆਂ ਕਰੇ, ਉਸ ਦੀ ਮਾਂ ਉਹ ਸਾਰੀਆਂ ਦੀਆਂ ਸਾਰੀਆਂ ਭੁਲਾ ਦੇਂਦੀ ਹੈ।1।

ਜੇ (ਮੂਰਖ ਬੱਚਾ) ਬੜਾ ਕ੍ਰੋਧ ਕਰ ਕਰ ਕੇ ਮਾਂ ਨੂੰ ਮਾਰਨ ਭੀ ਪਏ, ਤਾਂ ਭੀ ਮਾਂ (ਉਸ ਦੇ ਮੂਰਖ-ਪੁਣੇ) ਚੇਤੇ ਨਹੀਂ ਰੱਖਦੀ।2।

ਹੇ ਮੇਰੇ ਰਾਮ! ਮੇਰਾ ਮਨ ਚਿੰਤਾ ਦੇ ਖੂਹ ਵਿਚ ਪਿਆ ਹੋਇਆ ਹੈ (ਮੈਂ ਸਦਾ ਭੁੱਲਾਂ ਹੀ ਕਰਦਾ ਰਿਹਾ ਹਾਂ) ਤੇਰਾ ਨਾਮ ਸਿਮਰਨ ਤੋਂ ਬਿਨਾ ਕਿਵੇਂ ਇਸ ਚਿੰਤਾ ਵਿਚੋਂ ਪਾਰ ਲੰਘੇ?।3।

ਹੇ ਪ੍ਰਭੂ! ਮੇਰੇ ਇਸ ਸਰੀਰ ਨੂੰ (ਭਾਵ, ਮੈਨੂੰ) ਸਦਾ ਕੋਈ ਸੁਹਣੀ ਮੱਤ ਦੇਹ, ਜਿਸ ਕਰਕੇ (ਤੇਰਾ ਬੱਚਾ)

ਕਬੀਰ ਅਡੋਲ ਅਵਸਥਾ ਵਿਚ ਰਹਿ ਕੇ ਤੇਰੇ ਗੁਣ ਗਾਂਦਾ ਰਹੇ।4।3।12।